OFFICE OF THE
DIRECTOR GENERAL OF
POLICE PUNJAB,
CHANDIGARH.

ਪ੍ਰਸ਼ਾਸਨ ਵਿੰਗ
(ਅਮਲਾ-1 ਸ਼ਾਖਾ)

ਦਫਤਰ,
ਡਾਇਰੈਕਟਰ ਜਨਰਲ ਪੁਲਿਸ , ਪੰਜਾਬ,
ਚੰਡੀਗੜ੍ਹ ।

ਵੱਲ

1. ਡੀ.ਜੀ.ਪੀ/ਇੰਟੈਲੀਜੈਂਸ, ਪੰਜਾਬ, ਚੰਡੀਗੜ੍ਹ।
2. ਏ.ਡੀ.ਜੀ.ਪੀ/ਆਰਮਡ ਬਨਜ:, ਜਲੰਧਰ।
3. ਏ.ਡੀ.ਜੀ.ਪੀ/ਬਿਓਰੋ ਆਫ ਇਨਵੈਸਟੀਗੇਸ਼ਨ, ਪੰਜਾਬ, ਚੰਡੀਗੜ੍ਹ।
4. ਏ.ਡੀ.ਜੀ.ਪੀ/ਜੀ.ਆਰ.ਪੀ, ਪੰਜਾਬ, ਪਟਿਆਲਾ।
5. ਮੁੱਖ ਡਾਇਰੈਕਟਰ ਵਿਜੀਲੈਂਸ ਬਿਊਰੋ, ਪੰਜਾਬ, ਚੰਡੀਗੜ੍ਹ।
6. ਸਮੂਹ ਕਮਿਸਨਰੇਟ ਪੁਲਿਸ, ਪੰਜਾਬ।
7. ਸਮੂਹ ਰੇਜਾਂ ਆਈ.ਜੀ.ਪੀ/ਡੀ.ਆਈ.ਜੀ, ਪੰਜਾਬ।

ਯਾਦ ਪੱਤਰ ਨੰ: 11050-65 /ਈ-1(2)
ਮਿਤੀ, ਚੰਡੀਗੜ੍ਹ: 28/8/18

ਵਿਸ਼ਾ :- **ਪੰਜਾਬ ਪੁਲਿਸ ਐਕਟ, 2007 ਹੋਂਦ ਵਿੱਚ ਆਉਣ ਉਪਰੰਤ ਏ.ਐਸ.ਆਈਜ ਦੀ ਜਿਲ੍ਹਾ ਕੇਡਰ ਅਤੇ ਆਰਮਡ ਕੇਡਰ ਵਿੱਚ ਵੰਡ ਕਰਨ ਸਬੰਧੀ।**

*****

ਹਵਾਲਾ ਇਸ ਦਫਤਰ ਦੇ ਪੱਤਰ ਨੰ: 9035-49/ਈ-1(2) ਮਿਤੀ 26.07.2018, ਉਪਰੋਕਤ ਵਿਸੇ ਦੇ ਸਬੰਧ ਵਿੱਚ।

2. ਮਾਨਯੋਗ ਹਾਈਕੋਰਟ ਦੇ ਹੁਕਮਾਂ ਅਨੁਸਾਰ ਇਸ ਦਫਤਰ ਦੇ ਪੱਤਰ ਨੰ: 6750-92/ਈ-1(2) ਮਿਤੀ 04.06.2018 ਰਾਹੀਂ ਮਿਤੀ 20.02.2008 ਨੂੰ ਸਰਵਿੰਗ ਏ.ਐਸ.ਆਈਜ ਦੀ ਲਿਸਟ ਪੰਜਾਬ ਪੁਲਿਸ ਵੈਬਸਾਈਟ ਤੇ ਅਪਲੋਡ ਕੀਤੀ ਗਈ ਸੀ। ਇਸ ਲਿਸਟ ਵਿੱਚ ਦਰਜ ਆਪ ਜੀ ਦੇ ਅਧੀਨ ਤਾਇਨਾਤ ਕਰਮਚਾਰੀਆਂ ਤੋਂ ਕੇਡਰਵਾਈਜ ਆਪਸ਼ਨ ਲੈ ਕੇ 21 ਦਿਨਾਂ (ਮਿਤੀ 25.06.2018 ਤੱਕ) ਦੇ ਅੰਦਰ-ਅੰਦਰ ਇਸ ਦਫਤਰ ਨੂੰ ਭੇਜਣ ਲਈ ਲਿਖਿਆ ਗਿਆ ਸੀ।

3. ਇਸ ਦਫਤਰ ਦੇ ਪੱਤਰ ਨੰ: 9035-49/ਈ-1(2) ਮਿਤੀ 26.07.2018 ਰਾਹੀਂ ਵੰਡ ਕਰਨ ਉਪਰੰਤ ਜਿਲਾ ਕੇਡਰ ਦੇ 2533 ਅਤੇ ਆਰਮਡ ਕੇਡਰ ਦੇ 453 ਏ.ਐਸ.ਆਈ ਰੈਂਕ ਦੇ ਕਰਮਚਾਰੀਆਂ ਦੀਆਂ ਸੂਚੀਆਂ ਪੰਜਾਬ ਪੁਲਿਸ ਦੀ ਵੈਬਸਾਈਟ ਤੇ ਅਪਲੋਡ ਕੀਤੀਆਂ ਗਈਆਂ ਸਨ ਅਤੇ ਇਹ ਵੀ ਲਿਖਿਆ ਗਿਆ ਸੀ ਕਿ ਕਰਮਚਾਰੀਆਂ ਨੂੰ ਇਸ ਸਬੰਧੀ ਜਾਣੂ ਕਰਵਾਇਆ ਜਾਵੇ ਅਤੇ ਲਿਖਤੀ ਤੌਰ ਤੇ ਪੁੱਛਿਆ ਜਾਵੇ ਕਿ ਉਹਨਾਂ ਨੂੰ ਇਸ ਵੰਡ ਸਬੰਧੀ ਕੋਈ ਇਤਰਾਜ ਹੈ ਜਾਂ ਨਹੀਂ। ਇਸ ਵੰਡ ਸਬੰਧੀ 62 ਕਰਮਚਾਰੀਆਂ ਪਾਸੋਂ ਇਤਰਾਜ ਪ੍ਰਾਪਤ ਹੋਏ ਸਨ, ਜਿਹਨਾਂ ਦੇ ਨਿਪਟਾਰਾ ਇਸ ਦਫਤਰ ਦੇ ਸਪੀਕਿੰਗ ਆਰਡਰ ਨੰ: 10360-459/ਈ-1(2) ਮਿਤੀ 27.08.2018 ਰਾਹੀਂ ਕੀਤਾ ਗਿਆ ਹੈ।

4. ਜਿਲ੍ਹਾ ਪੁਲਿਸ ਕੇਡਰ ਦੇ 2533 ਅਤੇ ਆਰਮਡ ਕੇਡਰ ਦੇ 453 ਏ.ਐਸ.ਆਈ ਰੈਂਕ ਦੇ ਕਰਮਚਾਰੀਆਂ ਦੀਆਂ ਫਾਈਨਲ ਸੀਨੀਆਰਤਾ ਸੂਚੀਆਂ ਪੰਜਾਬ ਪੁਲਿਸ ਦੀ ਵੈਬਸਾਈਟ ਤੇ ਅੱਪਲੋਡ ਕਰ ਦਿੱਤੀਆਂ ਗਈਆਂ ਹਨ।

ਸੁਪਰਡੰਟ/ਅਮਲਾ-1
ਵਾ: ਡਾਇਰੈਕਟਰ ਜਨਰਲ ਪੁਲਿਸ, ਪੰਜਾਬ।

ਨੰਬਰ: /ਈ-1(2), ਮਿਤੀ :

ਉਪਰੋਕਤ ਦਾ ਉਤਾਰਾ ਪੰਜਾਬ ਪੁਲਿਸ ਦੇ ਸੰਮੂਹ ਦਫਤਰਾਂ ਦੇ ਮੁੱਖੀਆਂ ਨੂੰ ਜਾਣਕਾਰੀ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ/ਅਮਲਾ-1
ਵਾ: ਡਾਇਰੈਕਟਰ ਜਨਰਲ ਪੁਲਿਸ, ਪੰਜਾਬ।

ਨੰਬਰ: /ਈ-1(2), ਮਿਤੀ :

ਉਪਰੋਕਤ ਦਾ ਉਤਾਰਾ ਇੰਚਾਰਜ, ਪੰਜਾਬ ਪੁਲਿਸ ਵੈਬਸਾਈਟ ਨੂੰ ਜਿਲ੍ਹਾ ਪੁਲਿਸ ਕੇਡਰ ਦੇ 2533 ਅਤੇ ਆਰਮਡ ਕੇਡਰ ਦੇ 453 ਏ.ਐਸ.ਆਈ ਰੈਂਕ ਦੇ ਕਰਮਚਾਰੀਆਂ ਦੀਆਂ ਫਾਈਨਲ ਸੀਨੀਆਰਤਾ ਸੂਚੀਆਂ ਇੰਚਾਰਜ, ਪੰਜਾਬ ਪੁਲਿਸ ਦੀ ਵੈਬਸਾਈਟ ਤੇ ਅੱਪਲੋਡ ਕਰਨ ਲਈ ਭੇਜਿਆ ਜਾਂਦਾ ਹੈ।

ਸੁਪਰਡਟ/ਅਮਲਾ-1
ਵਾ: ਡਾਇਰੈਕਟਰ ਜਨਰਲ ਪੁਲਿਸ, ਪੰਜਾਬ।